28-Tarntaran-5-6-7-8.qxd 10/28/2025 11:51 PM Page 2

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ



ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **29 ਅਕਤੂਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਦਵਿੰਦਰ ਸਿੰਘ ਅਤੇ 30 ਅਕਤੂਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਜਬਰਤੋੜ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ **29 ਅਕਤੂਬਰ** ਨੂੰ ਸ਼ਾਮ 5.00 ਤੋਂ 7.00 ਵਜੇ ਤੱਕ **ਭਾਈ ਦਵਿੰਦਰ ਸਿੰਘ**, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਗੁਰਸੇਵਕ ਸਿੰਘ** ਤੇ **30 ਅਕਤੂਬਰ** ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ **ਭਾਈ ਜਬਰਤੋੜ ਸਿੰਘ ਤੇ ਭਾਈ ਗੁਰਜਿੰਦਰ ਸਿੰਘ** ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 29 ਅਕਤੂਬਰ ਨੂੰ ਗਿਆਨੀ ਰਣਜੀਤ ਸਿੰਘ ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਅਤੇ 30 ਅਕਤੂਬਰ ਨੂੰ ਬਾਬਾ ਬੰਤਾ ਸਿੰਘ ਮੁੰਡਾਪਿੰਡ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਗੱਲਬਾਤ ਕਰਦੇ ਹੋਏ ਸਰਬਜੀਤ ਸਿੰਘ ਲਾਲੀ ਵਸੀਕਾ, ਉਨ੍ਹਾਂ ਨਾਲ ਗੁਰਪ੍ਰੀਤ ਸਿੰਘ ਗੋਲਡੀ, ਰੁਪਿੰਦਰ ਕੌਰ ਸੰਧੂ ਆਦਿ। ਤਸਵੀਰ:ਮਨਜੀਤ ਸਿੰਘ

'ਆਪ' ਉਮੀਦਵਾਰ ਹਰਮੀਤ ਸਿੰਘ ਸੰਧੂ ਵੱਡੀ ਲੀਡ ਨਾਲ ਜਿੱਤਣਗੇ-ਲਾਲੀ ਵਸੀਕਾ

ਤਰਨ ਤਾਰਨ, 28 ਅਕਤੂਬਰ (ਹਰਿੰਦਰ ਸਿੰਘ)-ਤਰਨ ਤਾਰਨ ਜ਼ਿਮਨੀ ਚੋਣ ਵਿਚ ਆਮ ਆਦਮੀ ਪਾਰਟੀ ਉਮੀਦਵਾਰ ਹਰਮੀਤ ਸਿੰਘ ਸੰਧੂ ਵੱਡੀ ਨਾਲ ਜਿੱਤ ਪ੍ਰਾਪਤ ਕਰਨਗੇ, ਕਿਉਂਕਿ ਪੰਜਾਬ ਵਿਚਲੀ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪੰਜਾਬ ਦਾ ਜਿਥੇ ਸਰਵਪੱਖੀ ਵਿਕਾਸ ਕਰਵਾਇਆ ਹੈ, ਉਥੇ ਸਾਰੀਆਂ ਸੁੱਖ ਸਹੂਲਤਾਂ ਮੁਹੱਈਆਂ ਕਰਵਾਈਆਂ ਹਨ। ਇਨ੍ਹਾਂ ਸ਼ਬਦਾ ਦਾ ਪ੍ਰਗਟਾਵਾ ਕੌਂਸਲਰ ਸਰਬਜੀਤ ਸਿੰਘ ਲਾਲੀ ਵਸੀਕਾ ਨੇ ਆਪਣੇ ਸਾਥੀਆਂ ਸਮੇਤ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਹਰਮੀਤ ਸਿੰਘ ਸੰਧੂ ਦੀ ਚੋਣ ਪ੍ਰਚਾਰ ਨੂੰ ਵੱਡਾ ਬੱਲ ਮਿਲ ਰਿਹਾ ਹੈ ਅਤੇ ਲੋਕ 'ਆਪ' ਪਾਰਟੀ ਵਿਚ ਸ਼ਾਮਿਲ ਹੋ ਰਹੇ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਹਰਮੀਤ ਸਿੰਘ ਸੰਧੂ ਨੂੰ ਵੋਟਾਂ ਪਾ ਕੇ ਕਾਮਯਾਬ ਬਣਾਉਣ। ਇਸ ਮੌਕੇ ਉਨ੍ਹਾਂ ਨਾਲ ਰੁਪਿੰਦਰ ਕੌਰ ਸੰਧੂ, ਕੌਂਸਲਰ ਗੁਰਪ੍ਰੀਤ ਸਿੰਘ ਗੋਲਡੀ ਅਤੇ ਹੋਰ ਆਗੂ ਵੀ ਮੌਜੂਦ ਸਨ।

ਤਰਨ ਤਾਰਨ ਹਲਕੇ ਦੇ ਪਿੰਡ ਪੰਡੋਰੀ ਸਿਧਵਾਂ ਵਿਖੇ ਚੋਣ ਪ੍ਰਚਾਰ ਦੌਰਾਨ ਯੂਥ ਅਕਾਲੀ ਦਲ ਦੇ ਸੂਬਾ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਦੇ ਨਾਲ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ, ਜਥੇ. ਕਿਰਪਾਲ ਸਿੰਘ ਗੇਰਾ, ਲਖਵਿੰਦਰ ਸਿੰਘ ਟਿੰਮੀ ਤੇ ਹੋਰ। ਅਜੀਤ ਤਸਵੀਰ

ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂਆਂ ਨੇ ਤਰਨ ਤਾਰਨ ਜ਼ਿਮਨੀ ਚੋਣ 'ਚ ਕੀਤਾ ਚੋਣ ਪ੍ਰਚਾਰ

ਮੁਕੇਰੀਆਂ, 28 ਅਕਤੂਬਰ (ਰਾਮਗੜ੍ਹੀਆ)-ਹਲਕਾ ਤਰਨ ਤਾਰਨ ਵਿਖੇ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਦੇ ਹੱਕ 'ਚ ਹਲਕਾ ਮੁਕੇਰੀਆਂ ਤੇ ਟਾਂਡਾ ਨਾਲ ਸੰਬੰਧਿਤ ਅਕਾਲੀ ਆਗੂਆਂ ਵਲੋਂ ਯੂਥ ਅਕਾਲੀ ਦਲ ਦੇ ਸੂਬਾ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਦੀ ਅਗਵਾਈ ਹੇਠ ਚੋਣ ਪ੍ਰਚਾਰ ਕੀਤਾ ਤੇ ਹਲਕੇ ਦੇ ਪਿੰਡ ਪੰਡੋਰੀ ਸਿਧਵਾਂ ਸਮੇਤ ਅੱਧੀ ਦਰਜਨ ਪਿੰਡਾਂ 'ਚ ਚੋਣ ਪ੍ਰਚਾਰ ਕਰਕੇ ਲੋਕਾਂ ਨੂੰ ਵੋਟਾਂ ਪਾਉਣ ਲਈ ਲਾਮਬੰਦ ਕੀਤਾ। ਇਸ ਸੰਬੰਧੀ ਚੋਣ ਪ੍ਰਚਾਰ ਤੋਂ ਪਰਤੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ, ਸੀਨੀਅਰ ਅਕਾਲੀ ਆਗੂ ਜਥੇਦਾਰ ਕਿਰਪਾਲ ਸਿੰਘ ਗੇਰਾ ਤੇ ਸੀਨੀਅਰ ਅਕਾਲੀ ਆਗੂ ਲਖਵਿੰਦਰ ਸਿੰਘ ਟਿੰਮੀ ਹਾਜੀਪੁਰ ਨੇ ਮੁਕੇਰੀਆਂ ਵਿਖੇ ਗੱਲਬਾਤ ਕਰਦਿਆਂ ਦੱਸਿਆ ਕਿ ਤਰਨਤਾਰਨ ਜ਼ਿਮਨੀ ਚੋਣ 'ਚ ਵੱਡੀ ਪੱਧਰ 'ਤੇ ਕੀਤੇ ਜਾ ਰਹੇ ਚੋਣ ਪ੍ਰਚਾਰ ਦੌਰਾਨ ਲੋਕਾਂ ਦਾ ਪਾਰਟੀ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਵਲੋਂ ਲੋਕਾਂ ਨੂੰ ਪਾਰਟੀ ਦੀਆਂ ਨੀਤੀਆਂ ਪ੍ਰਤੀ ਲਾਮਬੰਦ ਕਰਕੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਉਮੀਦਵਾਰ ਨੂੰ ਵੱਧ ਤੋਂ ਵੱਧ ਵੋਟਾਂ ਪਾਉਣ ਦੀ ਅਪੀਲ ਕੀਤੀ ਗਈ।

ਧੰਨ ਧੰਨ ਬਾਬਾ ਨਾਗਾ ਜੀ ਦਾ ਸਾਲਾਨਾ ਜਾਗਰਣ ਕੱਲ੍ਹ

ਭਿੱਖੀਵਿੰਡ, 28 ਅਕਤੂਬਰ (ਬੌਬੀ)- ਧੰਨ ਧੰਨ ਬਾਬਾ ਨਾਗਾ ਜੀ ਦਾ ਸਲਾਨਾ ਜਾਗਰਣ 30 ਅਕਤੂਬਰ ਨੂੰ ਭਿੱਖੀਵਿੰਡ ਮੇਨ ਚੌਕ ਵਿਚ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਪਹੁੰਚਣਗੇ ਅਤੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਗੇ। ਇਸ ਮੌਕੇ ਗੱਲਬਾਤ ਕਰਦਿਆਂ ਬਾਬਾ ਨਾਂਗਾ ਜੀ ਪ੍ਰਬੰਧਕ ਕਮੇਟੀ ਕੀਮਤੀ ਧਵਨ, ਰਾਕੇਸ ਚੋਪੜਾ, ਅਸ਼ੋਕ ਕੁਮਾਰ ਬੱਬਾ ਪੰਜਾਬ ਕਿੰਗ, ਨਵੀਨ ਧਵਨ, ਬਿੱਕਾਂ ਧਵਨ, ਸੋਨੂੰ ਸ਼ੇਰਗਿੱਲ, ਰਾਕੇਸ ਸ਼ੇਰਗਿੱਲ ਨੇ ਦੱਸਿਆ ਕਿ ਬਾਬਾ ਜੀ ਦਾ ਇਹ ਜਾਗਰਣ ਹਰ ਸਾਲ ਕਰਵਾਇਆ ਜਾਂਦਾ ਹੈ, ਜਿਸ ਵਿਚ 'ਆਪ' ਦੇ ਪੰਜਾਬ ਦੇ ਮਸ਼ਹੂਰ ਸਿੰਗਰ ਕਾਸ਼ੀ ਨਾਥ ਆ ਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜ ਕੇ ਨਿਹਾਲ ਕਰਦੇ ਹਨ।

ਜਾਣਕਾਰੀ ਦਿੰਦੇ ਬਾਬਾ ਨਾਗਾ ਜੀ ਪ੍ਰਬੰਧਕ ਕਮੇਟੀ ਦੇ ਮੈਂਬਰ। ਤਸਵੀਰ:ਬੌਬੀ

ਰਵਨੀਤ ਕੌਰ ਰੈਕੀ ਪੁੱਤਰੀ ਫਤਿਹ ਸਿੰਘ ਪਿੰਡ ਖੱਖ ਦੇ ਵਿਆਹ ਮੌਕੇ ਸ਼ੁਭਾਗੀ ਜੋੜੀ ਨੂੰ 21 ਹਜ਼ਾਰ ਰੁਪਏ ਸ਼ਗਨ ਸਕੀਮ ਦਿੰਦੇ ਹੋਏ ਚੇਅਰਮੈਨ ਬਾਬਾ ਇੰਦਰਜੀਤ ਸਿੰਘ ਖੱਖ ਨਾਲ ਹੋਰ। ਤਸਵੀਰ:ਕੁਲਾਰ

ਬਾਬਾ ਇੰਦਰਜੀਤ ਸਿੰਘ ਖੱਖ ਵਲੋਂ ਲੋੜਵੰਦ ਪਰਿਵਾਰ ਦੀ ਲੜਕੀ ਦੇ ਵਿਆਹ ਮੌਕੇ 21 ਹਜ਼ਾਰ ਸ਼ਗਨ ਵਜੋਂ ਭੇਟ

ਖੜੂਰ ਸਾਹਿਬ, 28 ਅਕਤੂਬਰ (ਗੁਰਪਾਲ ਸਿੰਘ ਕੁਲਾਰ)-ਸਰਪ੍ਰਸਤ ਬਾਬਾ ਇੰਦਰਜੀਤ ਸਿੰਘ ਖੱਖ ਵਲੋਂ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ 'ਤੇ 21 ਹਜ਼ਾਰ ਰੁਪਏ ਸ਼ਗਨ ਦੇਣ ਦੀ ਸ਼ੁਰੂ ਕੀਤੀ ਸਕੀਮ ਤਹਿਤ ਪਿੰਡ ਖੱਖ ਦੇ ਫਤਿਹ ਸਿੰਘ ਦੀ ਪੁੱਤਰੀ ਰਵਨੀਤ ਕੌਰ (ਰੈਕੀ) ਦੇ ਵਿਆਹ ਮੌਕੇ ਪੰਚਾਇਤ ਦੇ ਸਰਪ੍ਰਸਤ ਬਾਬਾ ਇੰਦਰਜੀਤ ਸਿੰਘ ਖੱਖ ਵਲੋਂ ਸ਼ਗਨ ਸਕੀਮ ਦੀ ਰਾਸ਼ੀ ਦਿੱਤੀ ਗਈ। ਇਸ ਸਮੇਂ ਉਨ੍ਹਾਂ ਦੇ ਨਾਲ ਗੁਰਮੇਜ ਸਿੰਘ ਰੰਧਾਵਾ, ਹਰਦੀਪ ਸਿੰਘ ਖੱਖ, ਬਲਜੀਤ ਸਿੰਘ ਮੰਡ, ਖਜ਼ਾਨ ਸਿੰਘ, ਕੁਲਵੰਤ ਸਿੰਘ, ਬਲਦੇਵ ਸਿੰਘ, ਨਿਰੰਜਨ ਸਿੰਘ ਤੇ ਹੋਰ ਆਗੂ ਵੀ ਮੌਜੂਦ ਸਨ। ਬਾਬਾ ਇੰਦਰਜੀਤ ਸਿੰਘ ਖੱਖ ਗੋਇੰਦਵਾਲ ਸਾਹਿਬ ਨੇ ਕਿਹਾ ਕਿ ਹਰ ਲੋੜਵੰਦ ਪਰਿਵਾਰ ਦੀ ਲੜਕੀ ਦੇ ਵਿਆਹ ਮੌਕੇ ਸ਼ਗਨ ਸਕੀਮ ਦੀ ਰਾਸ਼ੀ ਦਿੱਤੀ ਜਾਂਦੀ ਹੈ ਅਤੇ ਇਸੇ ਤਰ੍ਹਾਂ ਰਾਸ਼ੀ ਦਿੱਤੀ ਜਾਇਆ ਕਰੇਗੀ।

ਮੁਹੱਲਾ ਗੋਕਲਪੁਰਾ ਤਰਨ ਤਾਰਨ ਵਿਖੇ ਭਾਜਪਾ ਉਮੀਦਵਾਰ ਦੇ ਹੱਕ ਵਿਚ ਚੋਣ ਪ੍ਰਚਾਰ ਕਰਦੇ ਹੋਏ ਗੁਰਪ੍ਰਤਾਪ ਸਿੰਘ ਟਿੱਕਾ ਅਤੇ ਹੋਰ ਭਾਜਪਾ ਆਗੂ। ਤਸਵੀਰਾਂ:ਮਨਜੀਤ ਸਿੰਘ

ਗੁਰਪ੍ਰਤਾਪ ਸਿੰਘ ਟਿੱਕਾ ਸਮੇਤ ਹੋਰਨਾਂ ਭਾਜਪਾ ਆਗੂਆਂ ਵਲੋਂ ਹਰਜੀਤ ਸਿੰਘ ਸੰਧੂ ਦੇ ਹੱਕ ਵਿਚ ਚੋਣ ਪ੍ਰਚਾਰ

ਤਰਨ ਤਾਰਨ, 28 ਅਕਤੂਬਰ (ਹਰਿੰਦਰ ਸਿੰਘ)-ਤਰਨ ਤਾਰਨ ਦੀ ਜ਼ਿਮਨੀ ਚੋਣ ਲਈ ਭਾਜਪਾ ਉਮੀਦਵਾਰ ਹਰਜੀਤ ਸਿੰਘ ਸੰਧੂ ਦੇ ਹੱਕ ਵਿਚ ਗੁਰਪ੍ਰਤਾਪ ਸਿੰਘ ਟਿੱਕਾ ਦੀ ਅਗਵਾਈ ਹੇਠ ਸੁਖਵਿੰਦਰ ਸਿੰਘ ਪਿੰਟੂ ਹਲਕਾ ਇੰਚਾਰਜ ਉਤਰੀ ਭਾਜਪਾ ਅੰਮ੍ਰਿਤਸਰ, ਰਾਮ ਚਾਵਲਾ ਇੰਚਾਰਜ ਹਲਕਾ ਇੰਚਾਰਜ ਸੈਂਟਰਲ ਅੰਮ੍ਰਿਤਸਰ, ਸਾਹਿਲ ਕਪੂਰ ਜਨਰਲ ਸੈਕਟਰੀ ਅੰਮ੍ਰਿਤਸਰ, ਰਮੇਸ਼ ਕਲਸੀ ਪ੍ਰਧਾਨ, ਸੁਖਦੇਵ ਸਿੰਘ, ਸੁਖਵਿੰਦਰ ਸਿੰਘ ਪੰਨੂੰ ਅਤੇ ਹੋਰ ਭਾਜਪਾ ਆਗੂਆਂ ਵਲੋਂ ਤਰਨ ਤਾਰਨ ਮੁਹੱਲਾ ਗੋਕਲਪੁਰਾ ਦੀ ਵਾਰਡ ਨੰਬਰ 9 ਵਿਖੇ ਚੋਣ ਪ੍ਰਚਾਰ ਕੀਤਾ ਗਿਆ ਅਤੇ ਘਰ ਘਰ ਜਾ ਕੇ ਲੋਕਾਂ ਨੂੰ ਭਾਜਪਾ ਉਮੀਦਵਾਰ ਦੇ ਹੱਕ ਵਿਚ ਵੋਟ ਪਾਉਣ ਲਈ ਅਪੀਲ ਕੀਤੀ ਗਈ। ਇਸ ਮੌਕੇ ਗੁਰਪ੍ਰਤਾਪ ਸਿੰਘ ਟਿੱਕਾ ਨੇ ਕਿਹਾ ਕਿ ਭਾਜਪਾ ਹੀ ਇਕ ਐਸੀ ਪਾਰਟੀ ਹੈ, ਜੋ ਕਿ ਦੇਸ਼ ਨੂੰ ਤਰੱਕੀ ਦੀਆਂ ਲੀਹਾਂ 'ਤੇ ਲਿਜਾ ਰਹੀ ਹੈ ਅਤੇ ਲੋਕਾਂ ਨੂੰ ਸਾਰੀਆਂ ਸੁੱਖ ਸਹੂਲਤਾਂ ਮਿਲ ਰਹੀਆਂ ਹਨ, ਜਿਸ ਕਾਰਨ ਦੇਸ਼ ਸਮੇਤ ਪੰਜਾਬ ਦੇ ਲੋਕ ਖੁਸ਼ ਨਜ਼ਰ ਆ ਰਹੇ ਹਨ। ਉਨ੍ਹਾਂ ਕਿਹਾ ਕਿ ਤਰਨ ਤਾਰਨ ਦੀ ਜ਼ਿਮਨੀ ਚੋਣ ਹਰਜੀਤ ਸਿੰਘ ਸੰਧੂ ਨੂੰ ਲੋਕਾਂ ਵਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ, ਜਿਸ ਤੋਂ ਸਾਬਿਤ ਹੋ ਰਿਹਾ ਹੈ ਕਿ ਤਰਨ ਤਾਰਨ ਦੀ ਜ਼ਿਮਨੀ ਚੋਣ ਵਿਚ ਭਾਜਪਾ ਉਮੀਦਵਾਰ ਦੀ ਜਿੱਤ ਯਕੀਨੀ ਹੈ। ਉਨ੍ਹਾਂ ਲੋਕਾਂ ਨੂੰ ਭਾਜਪਾ ਦੀਆਂ ਨੀਤੀਆਂ ਤੋਂ ਜਾਣੂ ਕਰਵਾਉਂਦੇ ਹੋਏ ਕਿਹਾ ਕਿ ਉਹ ਭਾਜਪਾ ਉਮੀਦਵਾਰ ਹਰਜੀਤ ਸਿੰਘ ਸੰਧੂ ਦੇ ਹੱਕ ਵਿਚ ਵੋਟਾਂ ਪਾ ਕੇ ਉਨ੍ਹਾਂ ਨੂੰ ਇਥੋਂ ਜੇਤੂ ਬਣਾਉਣ। ਇਸ ਮੌਕੇ ਮੁਹੱਲਾ ਨਿਵਾਸੀਆਂ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਉਹ ਭਾਜਪਾ ਦੇ ਹੱਕ ਵਿਚ ਵੋਟਾਂ ਪਾ ਕੇ ਭਾਜਪਾ ਉਮਦੀਵਾਰ ਨੂੰ ਇਸ ਸੀਟ ਤੋਂ ਜੇਤੂ ਬਣਾਉਣਗੇ।

ਪਿੰਡ ਭੁੱਚਰ ਖੁਰਦ ਦੇ ਲੋਕਾਂ ਨੇ ਭਾਜਪਾ ਉਮੀਦਵਾਰ ਹਰਜੀਤ ਸਿੰਘ ਸੰਧੂ ਦੇ ਹੱਕ 'ਚ ਕੀਤੀ ਚੋਣ ਰੈਲੀ

ਝਬਾਲ, 28 ਅਕਤੂਬਰ (ਸੁਖਦੇਵ ਸਿੰਘ)-ਵਿਧਾਨ ਸਭਾ ਹਲਕਾ ਤਰਨ ਤਾਰਨ ਦੇ ਪਿੰਡ ਭੁੱਚਰ ਖੁਰਦ ਵਿਖੇ ਭਾਰਤੀ ਜਨਤਾ ਪਾਰਟੀ ਦੇ ਜ਼ਿਮਨੀ ਚੋਣ ਉਮੀਦਵਾਰ ਹਰਜੀਤ ਸਿੰਘ ਸੰਧੂ ਦੇ ਹੱਕ ਵਿਚ ਲੋਕਾਂ ਵਲੋਂ ਖੁੱਲ੍ਹ ਕੇ ਨਿੱਤਰਨ ਅਤੇ ਚੋਣ ਨਿਸ਼ਾਨ ਕਮਲ ਦੇ ਫੁੱਲ ਨੂੰ ਮੱਤਦਾਨ ਕਰਨ ਦਾ ਐਲਾਨ ਕੀਤਾ। ਪਾਰਟੀ ਆਗੂ ਸੋਹਣ ਸਿੰਘ ਦੇ ਗ੍ਰਹਿ ਵਿਖੇ ਗੁਰਬੀਰ ਸਿੰਘ, ਲਾਲ ਸਿੰਘ, ਭੋਲਾ ਸਿੰਘ, ਸਾਬਕਾ ਮੈਂਬਰ ਕੁਲਵੰਤ ਸਿੰਘ, ਦਿਲਬਾਗ ਸਿੰਘ, ਸਰਬਜੀਤ ਸਿੰਘ ਯੂਪੀ ਵਾਲੇ, ਤਰਲੋਕ ਸਿੰਘ ਆਦਿ ਮੁਹਤਬਰ ਲੋਕਾਂ ਦਾ ਉਮੀਦਵਾਰ ਹਰਜੀਤ ਸਿੰਘ ਸੰਧੂ ਨੇ ਧੰਨਵਾਦ ਅਤੇ ਜੀ ਆਇਆਂ ਆਖਦਿਆਂ ਕਿਹਾ ਕਿ ਅਸੀਂ ਜ਼ਿਆਦਾ ਸਮਾਂ ਨਹੀਂ ਮੰਗਦੇ ਇਕ ਸਾਲ ਲਈ ਹਲਕਾ ਤਰਨ ਤਾਰਨ ਦੀ ਸੇਵਾ ਕਰਨ ਦਾ ਮੌਕਾ ਦੇ ਕੇ ਵਿਧਾਨ ਸਭਾ ਵਿਚ ਭੇਜੋ। ਪਿਛਲੇ ਲੰਬੇ ਸਮੇਂ ਤੋਂ ਅਧੂਰੇ ਵਿਕਾਸ ਦੇ ਕੰਮ ਇਕ ਸਾਲ ਵਿੱਚ ਕਰਨ ਦਾ ਵਿਸ਼ਵਾਸ਼ ਦੁਆਉਂਦਾ ਹਾਂ। ਉਕਤ ਸਾਰੇ ਹੀ ਇਕੱਤਰ ਲੋਕਾਂ ਨੇ ਉਮੀਦਵਾਰ ਹਰਜੀਤ ਸਿੰਘ ਸੰਧੂ ਨੇ ਜੈਕਾਰਿਆਂ ਦੀ ਗੂੰਜ ਵਿਚ ਵਿਸ਼ਵਾਸ਼ ਦੁਆਉਂਦਿਆਂ ਕਿਹਾ ਕਿ ਉਹ ਭਾਰਤੀ ਜਨਤਾ ਪਾਰਟੀ ਦੀਆਂ ਨੀਤੀਆਂ ਤੋਂ ਜਾਗਰੂਕ ਅਤੇ ਖੁਸ਼ ਹਨ। ਇਸੇ ਕਰਕੇ ਉਹ ਬਾਕੀ ਸਿਆਸੀ ਪਾਰਟੀਆਂ ਨੂੰ ਚੱਲਦਾ ਕਰਨ ਦਾ ਮਨ ਬਣਾ ਕੇ ਬੈਠੇ ਹਨ ਅਤੇ ਭਾਜਪਾ ਨੂੰ ਹੀ ਆਪਣਾ ਮੱਤਦਾਨ ਦੇਣਗੇ, ਕਿਉਂਕਿ ਉਨ੍ਹਾਂ ਨੂੰ ਪਤਾ ਹੈ ਕਿ ਕੇਂਦਰ ਦੀ ਭਾਜਪਾ ਸਰਕਾਰ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਲੋਂ ਦੇਸ਼ ਦੇ ਕੀਤੇ ਇਤਿਹਾਸਕ ਵਿਕਾਸ ਅਤੇ ਲੋਕਾਂ ਲਈ ਲਿਆਂਦੇ ਵੱਡੇ ਪ੍ਰਾਜੈਕਟਾਂ ਨਾਲ ਹੀ ਦੇਸ਼ ਉੱਨਤੀ ਅਤੇ ਤਰੱਕੀ ਵੱਲ ਵਧਿਆ ਹੈ। ਇਸ ਕਰਕੇ ਉਹ ਸਮੁੱਚੇ ਪੰਜਾਬ ਅਤੇ ਸਰਹੱਦੀ ਜ਼ਿਲ੍ਹਾ ਤਰਨ ਤਾਰਨ, ਸਰਹੱਦੀ ਹਲਕਾ ਤਰਨ ਤਾਰਨ ਨੂੰ ਵੀ ਇਸ ਪ੍ਰਤੀ ਜਾਗਰੂਕ ਕਰਨ ਵਿਚ ਰਾਤ ਦਿਨ ਭਾਜਪਾ ਦਾ ਪ੍ਰਚਾਰ ਅਤੇ ਪ੍ਰਸਾਰ ਕਰਨਗੇ। ਇਸ ਮੌਕੇ ਸੀਨੀਅਰ ਆਗੂ ਦਲਬੀਰ ਸਿੰਘ ਅਲਗੋਂ ਕੋਠੀ ਨੇ ਵੀ ਉਮੀਦਵਾਰ ਹਰਜੀਤ ਸਿੰਘ ਸੰਧੂ ਦੇ ਹੱਕ ਵਿਚ ਭੁਗਤਣ ਅਤੇ ਕਮਲ ਦੇ ਫੁੱਲ ਨੂੰ ਵੋਟ ਪਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਅਸੀਂ ਸਾਰੇ ਹੀ ਪਾਰਟੀਆਂ ਦੇ ਨੇਤਾਵਾਂ ਨੂੰ ਵਾਰ ਵਾਰ ਮੌਕਾ ਦੇ ਕੇ ਪਰਖ ਚੁੱਕੇ ਹਾਂ ਕਿਸੇ ਨੇ ਵੀ ਜਿੱਤਣ ਤੋਂ ਬਾਅਦ ਜ਼ਮੀਨੀ ਪੱਧਰ 'ਤੇ ਆ ਕੇ ਲੋਕਾਂ ਦੀ ਸਾਰ ਨਹੀਂ ਲਈ ਉਲਟਾ ਆਪਣੀ ਰਾਜਨੀਤੀ ਖਾਤਰ ਲੋਕਾਂ ਨੂੰ ਆਪਸ ਵਿਚ ਲੜਾਇਆ ਹੈ, ਸੋ ਆਪਾਂ ਸਾਰੇ ਹੁਣ ਇਕਜੁੱਟ ਹੋ ਕੇ ਮਿਹਨਤ ਅਤੇ ਇਮਾਨਦਾਰ ਆਗੂ ਨੂੰ ਵਿਧਾਨ ਸਭਾ ਵਿਚ ਭੇਜ ਕੇ ਹਲਕਾ ਤਰਨ ਤਾਰਨ ਦਾ ਸੁਧਾਰ ਕਰੀਏ। ਇਸ ਮੌਕੇ ਸਰਕਲ ਪ੍ਰਧਾਨ ਸਾਹਿਬ ਸਿੰਘ ਭਾਮਕਾ, ਬਾਬਾ ਕਾਬਲ ਸਿੰਘ, ਸਾਬਕਾ ਸਰਪੰਚ ਸੁਖਦੇਵ ਸਿੰਘ ਮਾਲੂਵਾਲ ਤੋਂ ਇਲਾਵਾ ਹੋਰ ਵੀ ਪਾਰਟੀ ਆਗੂ ਮੌਜੂਦ ਸਨ।

ਜਨਮ ਦਿਨ ਮੁਬਾਰਕ

ਗੁਰਸ਼ਰਨ ਸਿੰਘ
ਮਾਤਾ-
ਸੁਖਬੀਰ ਕੌਰ
ਪਿਤਾ-
ਜੁਗਿੰਦਰ ਸਿੰਘ

ਜਨਰਲ ਅਬਜ਼ਰਵਰ ਦੀ ਮੌਜੂਦਗੀ 'ਚ ਇਲੈਕਟਰਾਨਿਕ ਵੋਟਿੰਗ ਮਸ਼ੀਨਾਂ ਦੀ ਦੂਸਰੀ ਰੈਂਡੇਮਾਈਜੇਸ਼ਨ ਹੋਈ

**ਵੱਖ-ਵ